# ਸਿਰੀਰਾਗੁ ਮਹਲਾ ੫ ॥

ਪੂਰਾ ਸਤਿਗੁਰੁ ਜੇ ਮਿਲੈ ਪਾਈਐ ਸਬਦੁ ਨਿਧਾਨੁ ॥
ਕਰਿ ਕਿਰਪਾ ਪ੍ਰਭ ਆਪਣੀ ਜਪੀਐ ਅੰਮ੍ਰਿਤ ਨਾਮੁ ॥
ਜਨਮ ਮਰਣ ਦੁਖੁ ਕਾਟੀਐ ਲਾਗੈ ਸਹਜਿ ਧਿਆਨੁ ॥
੧ ॥ ਮੇਰੇ ਮਨ ਪ੍ਰਭ ਸਰਣਾਈ ਪਾਇ ॥ ਹਰਿ ਬਿਨੁ
ਦੂਜਾ ਕੋ ਨਹੀ ਏਕੋ ਨਾਮੁ ਧਿਆਇ ॥ ੧ ॥ ਰਹਾਉ ॥
ਕੀਮਤਿ ਕਹਣੁ ਨ ਜਾਈਐ ਸਾਗਰੁ ਗੁਣੀ ਅਥਾਹੁ ॥
ਵਡਭਾਗੀ ਮਿਲੁ ਸੰਗਤੀ ਸਚਾ ਸਬਦੁ ਵਿਸਾਹੁ ॥
ਕਰਿ ਸੇਵਾ ਸੁਖ ਸਾਗਰੈ ਸਿਰਿ ਸਾਹਾ ਪਾਤਿਸਾਹੁ ॥
੨ ॥ ਚਰਣ ਕਮਲ ਕਾ ਆਸਰਾ ਦੂਜਾ ਨਾਹੀ
ਠਾਉ ॥ ਮੈ ਧਰ ਤੇਰੀ ਪਾਰਬ੍ਰਹਮ ਤੇਰੈ ਤਾਣਿ
ਰਹਾਉ ॥ ਨਿਮਾਣਿਆ ਪ੍ਰਭੁ ਮਾਣੁ ਤੂੰ ਤੇਰੈ ਸੰਗਿ
ਸਮਾਉ ॥ ੩ ॥ ਹਰਿ ਜਪੀਐ ਆਰਾਧੀਐ ਆਠ
ਪਹਰ ਗੋਵਿੰਦੁ ॥ ਜੀਅ ਪ੍ਰਾਣ ਤਨੁ ਧਨੁ ਰਖੇ ਕਰਿ
ਕਿਰਪਾ ਰਾਖੀ ਜਿੰਦੁ ॥ ਨਾਨਕ ਸਗਲੇ ਦੋਖ
ਉਤਾਰਿਅਨੁ ਪ੍ਰਭੁ ਪਾਰਬ੍ਰਹਮ ਬਖਸਿੰਦੁ ॥ ੪ ॥ ੧੨ ॥
੮੨ ॥